# ਪ੍ਰੈਸ ਨੋਟ

ਨੈਸ਼ਨਲ ਲੀਗਲ ਸਰਵਿਸ ਅਥਾਰਟੀ, ਦਿੱਲੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਮਿਤੀ 14.09.2019 ਨੂੰ ਨੈਸ਼ਨਲ ਲੋਕ ਅਦਾਲਤ (ਸਾਰੇ ਮਾਮਲਿਆ ਬਾਰੇ) ਦਾ ਆਯੋਜਨ ਕੀਤਾ ਗਿਆ।ਇਸ ਦੇ ਬਾਰੇ ਸ਼੍ਰੀਮਤੀ ਹਰਪ੍ਰੀਤ ਕੌਰ ਰੰਧਾਵਾ, ਜਿਲ੍ਹਾ ਅਤੇ ਸ਼ੈਸ਼ਨਜ਼ ਜੱਜ ਸਹਿਤ-ਚੇਅਰਪਰਸਨ-ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਿਲਾ ਕਚਿਹਰੀਆ, ਤਰਨ ਤਾਰਨ ਜੀ ਨੇ ਦੱਸਿਆ ਕਿ ਇਹ ਲੋਕ ਅਦਾਲਤ ਦੇਸ਼ ਦੀ ਹਰ ਤਹਿਸੀਲ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਲੱਗਾਈ ਗਈ ਹੈ। ਇਸ ਮੌਕੇ ਜਿਲ੍ਹਾ ਕਚਹਿਰੀ ਤਰਨ ਤਾਰਨ ਵਿਖੇ ਕੋਰਟ ਦੇ ਪੰਜ (05) ਬੈਂਚਾਂ ਨੇ ਕੇਸਾਂ ਦਾ ਨਿਪਟਾਰਾ ਕੀਤਾ ਜਿਨ੍ਹਾਂ ਵਿਚ ਪਹਿਲਾ ਬੈਂਚ, ਮਾਣਯੋਗ ਸ੍ਰੀ ਪਰਮਿੰਦਰ ਸਿੰਘ ਰਾਏ, ਐਡੀਸ਼ਨਲ ਸੈਸ਼ਨ ਜੱਜ, ਤਰਨ ਤਾਰਨ ਵਕੀਲ ਸ੍ਰੀ ਹਰਮਨਦੀਪ ਸਿੰਘ ਕੰਗ, ਮੈਂਬਰ ਸ੍ਰੀਮਤੀ ਸੁਰਿੰਦਰ ਕੌਰ ਲਹਿਰੀ, ਦੂਸਰਾ ਬੈਂਚ ਮਾਣਯੋਗ ਮਿਸ ਪਰਮਜੀਤ ਕੌਰ, ਐਡੀਸ਼ਨਲ ਸੈਸ਼ਨ ਜੱਜ, ਤਰਨਤਾਰਨ, ਵਕੀਲ ਸ੍ਰੀ ਐਸ.ਪੀ.ਸਿੰਘ ਲਹਿਰੀ, ਮੈਂਬਰ ਸ੍ਰੀਮਤੀ ਕੁਲਜੀਤ ਕੌਰ, ਤੀਸਰਾ ਬੈਂਚ ਮਾਣਯੋਗ ਮਿਸ ਅਮਨਦੀਪ ਕੌਰ, ਸਿਵਲ ਜੱਜ (ਸੀਨੀਅਰ ਡਵੀਜਨ), ਵਕੀਲ ਸ੍ਰੀ ਰਜਿੰਦਰ ਸਿੰਘ, ਮੈਂਬਰ ਸ੍ਰੀ ਮਹਿੰਦਰ ਸਿੰਘ, ਚੌਥਾ ਬੈਂਚ ਮਾਣਯੋਗ ਸ੍ਰੀ ਸੁਮੀਤ ਭੱਲਾ ਚੀਫ ਜੁਡੀਅਸ਼ਲ ਮੈਜਿਸਟ੍ਰੇਟ, ਤਰਨਤਾਰਨ, ਵਕੀਲ ਮਿਸ ਸਤਿੰਦਰਪਾਲ ਕੌਰ ਸੋਖੀ, ਮੈਂਬਰ ਸ੍ਰੀ ਬਲਬੀਰ ਸਿੰਘ, ਪੰਜਵਾਂ ਬੈਂਚ ਮਾਣਯੋਗ ਮਿਸ ਵਿਸ਼ਵ ਜੋਤੀ, ਸਿਵਲ ਜੱਜ (ਜੂਨੀਅਰ ਡਵੀਜਨ) ਤਰਨਤਾਰਨ, ਵਕੀਲ ਸ੍ਰੀ ਸ਼ਰਨਪਾਲ ਚੌਹਾਨ, ਮੈਂਬਰ ਸ੍ਰੀ ਸੁਖਵੰਤ ਸਿੰਘ ਧਾਮੀ। ਇਸ ਤੋਂ ਇਲਾਵਾ ਪੱਟੀ ਵਿਖੇ ਇਕ (01) ਬੈਂਚ ਦਾ ਗਠਨ ਕੀਤਾ ਗਿਆ। ਬੈਂਚ ਮਾਣਯੋਗ ਸ਼੍ਰੀ ਗੁਰਿੰਦਰਪਾਲ ਸਿੰਘ, ਸਿਵਲ ਜੱਜ (ਜੂਨੀਅਰ ਡਵੀਜਨ) ਪੱਟੀ, ਵਕੀਲ ਸ੍ਰੀ ਮਤੀ ਅੰਜਨਾ ਧਵਨ, ਮੈਂਬਰ ਡਾ. ਸ਼ਾਮ ਲਾਲ ਗੁਪਤਾ। ਇਸੇ ਤਰ੍ਹਾਂ ਹੀ ਇੱਕ (01) ਬੈਂਚ ਮਾਣਯੋਗ ਸ਼੍ਰੀਮਤੀ ਵਨੀਤਾ ਕੁਮਾਰੀ, ਸਬ ਡਵੀਜ਼ਨਲ ਜੂਡੀਅਸ਼ਲ ਮੈਜਿਸਟ੍ਰੇਟ), ਖਡੂਰ ਸਾਹਿਬ ਵਕੀਲ ਸ੍ਰੀ ਦਲਜੀਤ ਸਿੰਘ ਸੰਧੂ, ਅਤੇ ਮੈਂਬਰ ਸ੍ਰੀ ਵਰਿਆਮ ਸਿੰਘ ਜੀ ਦਾ ਬਣਿਆ। ਜਿਸ ਵਿੱਚ ਜੱਜ ਸਾਹਿਬਾਨਾਂ ਨੇ ਆਪਣੇ ਪੱਧਰ ਤੇ ਕੇਸਾਂ ਦਾ ਨਿਪਟਾਰਾ ਕੀਤਾ। ਇਸ ਲੋਕ ਅਦਾਲਤ ਦੌਰਾਨ 1140 ਕੇਸਾਂ ਨੂੰ ਲਿਆ ਗਿਆ ਅਤੇ 253 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 41374911/- ਰੁ. ਦੀ ਰੀਕਵਰੀ ਕੀਤੀ ਗਈ। ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਜੇਕਰ ਲੋਕ ਅਦਾਲਤ ਵਿੱਚ ਕਿਸੇ ਕੇਸ ਦਾ ਫੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵਾਪਿਸ ਹੋ ਜਾਂਦੀ ਹੈ। ਅਦਾਲਤਾਂ ਵਿੱਚ ਸਮੇਂ ਸਮੇਂ ਤੇ ਪ੍ਰੀ ਲੋਕ ਅਦਾਲਤਾਂ ਦਾ ਵੀ ਆਯੋਜਨ ਕੀਤਾ ਗਿਆ ਹੈ। ਰਾਸ਼ਟਰੀ ਲੋਕ ਅਦਾਲਤ ਵਿੱਚ ਦੋ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕੀਤਾ ਗਿਆ।

ਮਿਸ ਪਲਵਿੰਦਰਜੀਤ ਕੌਰ ਸੀ.ਜੇ.ਐਮ. ਕਮ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਨੇ ਦੱਸਿਆ ਕਿ ਰਾਸ਼ਟਰੀ ਲੀਗਲ ਸਰਵਿਸ ਅਥਾਰਟੀ, ਦਿੱਲੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਲੋਕ ਅਦਾਲਤ ਦਾ ਆਯੋਜ਼ਨ ਮਿਤੀ 14.09.2019 ਨੂੰ ਦੇਸ਼ ਭਰ ਦੀਆਂ ਸਾਰੀਆਂ ਅਦਾਲਤਾਂ ਦਾ ਆਯੋਜਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਰਾਸ਼ਟਰੀ ਲੋਕ ਅਦਾਲਤ ਦੌਰਾਨ 138 ਐਨ.ਆਈ.ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਫੋਰਸਟ ਵਿਭਾਗ ਦੇ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ,-ਸਾਰੀ ਤਰ੍ਹਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਐਮ.ਏ.ਸੀ.ਟੀ. ਦੇ ਕੇਸ, ਇੰਸ਼ੋਉਰੈਂਸ ਕਲੇਮ ਦੇ ਕੇਸ, ਬੈਂਕ ਰਿਕਵਰੀ ਕੇਸ, ਦਾ ਵੀ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਹੈ।

ਜੇਕਰ ਕੋਈ ਵਿਆਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਤ ਕੋਰਟ ਵਿੱਚ ਜਾਂ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਫਤਰ ਵਿਖੇ ਦੇ ਸਕਦਾ ਹੈ। ਮਿਸ ਪਲਵਿੰਦਰਜੀਤ ਕੌਰ ਨੇ ਦੱਸਿਆ ਕਿ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਰਾਹੀਂ ਹੱਲ ਕੀਤੇ ਗਏ ਮਾਮਲੇ ਦਾ ਫੈਸਲਾ ਅੰਤਿਮ ਹੁੰਦਾ ਹੈ। ਮਿਸ ਪਲਵਿੰਦਰਜੀਤ ਕੌਰ ਜੀ ਨੇ ਦੱਸਿਆ ਕਿ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿਥੇ ਲੋਕਾਂ ਦੇ ਪੈਸੇ ਦੀ ਬਚਤ ਹੁੰਦੀ ਹੈ ਉਥੇ ਦੋਹਾਂ ਧਿਰਾਂ ਵਿੱਚ ਪ੍ਰੇਮ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾ ਹਾਰੀ ਮਹਿਸੂਸ ਨਹੀਂ ਕਰਦੀ।

ਜਿਆਦਾ ਜਾਣਕਾਰੀ ਲਈ ਟੋਲ ਫ੍ਰੀ ਨੰ. 1968 ਅਤੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਦੇ ਨੰ. 01852-223291 ਤੋ ਜਾਣਕਾਰੀ ਲਈ ਜਾ ਸਕਦੀ ਹੈ।

ਸਹੀ/-

ਪਲਵਿੰਦਰਜੀਤ ਕੌਰ, ਪੀ.ਸੀ.ਐਸ,

ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐਮ.

ਸਹਿਤ ਸਕੱਤਰ,

ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨਤਾਰਨ।